# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜੰਮੂ ਕਸ਼ਮੀਰ ਤੇ ਹਰਿਆਣਾ ਵਿੱਚ ਆਉਂਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜਰ ਅੱਜ ਚੋਣ ਰੈਲੀਆਂ ਨੂੰ ਸੰਬੋਧਨ ਕੀਤਾ।
- ਅੱਜ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਦਿਨ ਦੀ ਦੇਸ਼ਵਾਸੀਆਂ ਨੂੰ ਵਧਾਈ ਦਿੱਤੀ।
- ਬਾਸਮਤੀ ਚੌਲਾਂ ਦੀ ਬਰਾਮਦ ਨੂੰ ਉਤਸ਼ਾਹਿਤ ਕਰਨ ਲਈ ਕੇਂਦਰ ਸਰਕਾਰ ਨੇ ਨਿਰਯਾਤ ਉੱਤੇ ਘੱਟੋ-ਘੱਟੋ ਕੀਮਤ ਨੂੰ ਪੂਰੀ ਤਰ੍ਹਾਂ ਹਟਾਉਣ ਦਾ ਫੈਸਲਾ ਕੀਤਾ ਏ।
- ਪੰਜਾਬ ਦੇ ਵੱਖ ਵੱਖ ਜਿਲ੍ਹਿਆਂ ਵਿੱਚ ਲੋਕ ਅਦਾਲਤਾਂ ਲਾਈਆਂ ਗਈਆਂ।

---------------------------------------------------------

ਪ੍ਰਧਾਨ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਕੁਰੂਕਸ਼ੇਤਰ ਤੋਂ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਭਾਜਪਾ ਦੀ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ। ਕੁਰੂਕਸ਼ੇਤਰ ਦੇ ਥੀਮ ਪਾਰਕ ਵਿੱਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਨੂੰ ਇੱਕ ਵਿਕਸਤ ਦੇਸ਼ ਬਣਾਉਣ ਲਈ ਹਰਿਆਣਾ ਦਾ ਵਿਕਾਸ ਬਹੁਤ ਜ਼ਰੂਰੀ ਏ । ਓਹਨਾ ਨੇ ਕਿਹਾ ਕਿ ਸਰਕਾਰ ਗਰੀਬਾਂ, ਔਰਤਾਂ, ਕਿਸਾਨਾਂ ਅਤੇ ਨੌਜਵਾਨਾਂ ਦਾ ਸਸ਼ਕਤੀਕਰਨ ਕਰ ਰਹੀ ਏ । ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਦੇ ਤੀਜੇ ਕਾਰਜਕਾਲ ਦੇ 100 ਦਿਨਾਂ ਦੇ ਅੰਦਰ 15 ਲੱਖ ਕਰੋੜ ਰੁਪਏ ਦੇ ਨਵੇਂ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਏ ਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਗਰੀਬਾਂ ਲਈ ਤਿੰਨ ਕਰੋੜ ਘਰ ਬਣਾਉਣ ਨੂੰ ਮਨਜ਼ੂਰੀ ਦਿੱਤੀ ਏ। ਉਨ੍ਹਾਂ ਕਿਹਾ ਕਿ ਸਰਕਾਰ ਦਾ ਲਖਪਤੀ ਦੀਦੀ ਪ੍ਰੋਗਰਾਮ ਔਰਤਾਂ ਦਾ ਸਸ਼ਕਤੀਕਰਨ ਕਰ ਰਿਹਾ ਏ, ਜਿਸ ਨਾਲ ਸਿਰਫ਼ 100 ਦਿਨਾਂ ਵਿੱਚ 11 ਲੱਖ ਤੋਂ ਵੱਧ ਔਰਤਾਂ ਲਖਪਤੀ ਦੀਦੀ ਬਣ ਗਈਆਂ ਨੇ । ਓਹਨਾ ਨੇ ਇਹ ਵੀ ਕਿਹਾ ਕਿ

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ 70 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਨੂੰ ਪੰਜ ਲੱਖ ਰੁਪਏ ਦਾ ਮੁਫਤ ਇਲਾਜ ਮੁਹੱਈਆ ਕਰਵਾਉਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ ਕਿ ਭਾਜਪਾ ਨੇ ਹਰਿਆਣਾ ਨੂੰ ਵਿਕਾਸ ਦੀ ਧਾਰਾ ਨਾਲ ਜੋੜਿਆ ਏ।

-----------------------------------------------------

ਪਹਿਲਾਂ ਸ਼੍ਰੀ ਮੋਦੀ ਨੇ ਅੱਜ ਜੰਮੂ-ਕਸ਼ਮੀਰ ਦੇ ਡੋਡਾ ਵਿਖੇ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ , ਵਿਰੋਧੀ ਪਾਰਟੀਆਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਜੰਮੂ-ਕਸ਼ਮੀਰ ਹੁਣ ਵਿਕਾਸ ਦੀ ਨਵੀਂ ਕਹਾਣੀ ਲਿਖ ਰਿਹਾ ਏ । ਇਸ ਦੌਰਾਨ ਜੰਮੂ-ਕਸ਼ਮੀਰ 'ਚ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ ਲਈ ਪ੍ਰਚਾਰ ਜ਼ੋਰਾਂ 'ਤੇ ਏ । ਇਸ ਪੜਾਅ ਵਿੱਚ 24 ਵਿਧਾਨ ਸਭਾ ਹਲਕਿਆਂ ਲਈ ਇਸ ਮਹੀਨੇ ਦੀ 18 ਤਰੀਕ ਨੂੰ ਵੋਟਾਂ ਪੈਣਗੀਆਂ।ਓਥੇ ਹੀ ਹਰਿਆਣਾ 'ਚ ਪਹਿਲੇ ਗੇੜ ਦੀਆਂ ਵਿਧਾਨ ਸਭਾ ਚੋਣਾਂ ਲਈ ਚੋਣ ਪ੍ਰਚਾਰ ਵੀ ਤੇਜ਼ ਹੋ ਗਿਆ ਏ । 90 ਮੈਂਬਰੀ ਵਿਧਾਨ ਸਭਾ ਲਈ 5 ਅਕਤੂਬਰ ਨੂੰ ਵੋਟਿੰਗ ਹੋਵੇਗੀ। ਨਰੇਂਦਰ ਮੋਦੀ ਅੱਜ ਸੂਬੇ ਵਿੱਚ ਪਾਰਟੀ ਦੀ ਮੁਹਿੰਮ ਦੀ ਸ਼ੁਰੂਆਤ ਕਰਨਗੇ। ਹਰਿਆਣਾ ਅਤੇ ਜੰਮੂ-ਕਸ਼ਮੀਰ 'ਚ

ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਅਗਲੇ ਮਹੀਨੇ ਦੀ 8 ਤਰੀਕ ਨੂੰ ਹੋਣਗੀਆਂ।

---------------------------------------------------------

ਅੱਜ ਹਿੰਦੀ ਦਿਵਸ ਮਨਾਇਆ ਜਾ ਰਿਹਾ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਹਿੰਦੀ ਭਾਸ਼ਾ ਨੇ ਦੇਸ਼ ਨੂੰ ਇਕਜੁੱਟ ਕਰਨ ਵਿਚ ਬੇਮਿਸਾਲ ਭੂਮਿਕਾ ਨਿਭਾਈ ਏ। ਉਨ੍ਹਾਂ ਕਿਹਾ ਕਿ ਹਿੰਦੀ ਅਤੇ ਹੋਰ ਭਾਸ਼ਾਵਾਂ ਦਾ ਕੋਈ ਮੁਕਾਬਲਾ ਨਹੀਂ ਏ। ਅੱਜ ਨਵੀਂ ਦਿੱਲੀ ਵਿਖੇ ਸਰਕਾਰੀ ਭਾਸ਼ਾ ਡਾਇਮੰਡ ਜੁਬਲੀ ਸਮਾਰੋਹ ਅਤੇ ਚੌਥੀ ਸਰਬ ਭਾਰਤੀ ਸਰਕਾਰੀ ਭਾਸ਼ਾ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਸ੍ਰੀ ਸ਼ਾਹ ਨੇ ਕਿਹਾ ਕਿ ਸਾਰੀਆਂ ਭਾਸ਼ਾਵਾਂ ਨੂੰ ਮਜ਼ਬੂਤ ਕਰਨ ਨਾਲ ਹੀ ਇੱਕ ਮਜ਼ਬੂਤ ਰਾਸ਼ਟਰ ਦਾ ਨਿਰਮਾਣ ਹੋਵੇਗਾ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ ਵਿੱਚ ਬੱਚਿਆਂ ਨੂੰ ਉਨ੍ਹਾਂ ਦੀ ਮਾਤ ਭਾਸ਼ਾ ਵਿੱਚ ਸਿੱਖਿਆ ਮਿਲਣ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਹਿੰਦੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ

ਵਧਾਈ ਦਿੱਤੀ ਏ। ਸ੍ਰੀ ਮੋਦੀ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਦੇਸ਼ ਅਤੇ ਵਿਦੇਸ਼ ਵਿੱਚ ਹਿੰਦੀ ਨੂੰ ਸਰਕਾਰੀ ਭਾਸ਼ਾ ਵਜੋਂ ਸਵੀਕਾਰ ਕਰਨ ਦੀ ਮਹੱਤਤਾ ਬਾਰੇ ਇੱਕ ਵੀਡੀਓ ਵੀ ਸਾਂਝਾ ਕੀਤਾ।

----------------------------------------------------------

ਭਾਸ਼ਾ ਵਿਭਾਗ ਪੰਜਾਬ ਵੱਲੋਂ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ ਫਰੀਦਕੋਟ ਨਾਲ ਮਿਲਕੇ ਬਾਬਾ ਸ਼ੇਖ਼ ਫ਼ਰੀਦ ਆਗਮਨ ਪੂਰਬ ਰਾਜ ਪੱਧਰੀ ਸਮਾਗਮ ਦੇ ਰੂਪ ’ਚ ਮਨਾਇਆ ਜਾਵੇਗਾ। ਇਸ ਪੰਜ ਦਿਨਾ ਸਮਾਗਮ ਦੌਰਾਨ 19 ਤੋਂ 23 ਸਤੰਬਰ ਤੱਕ ਗੋਸ਼ਟੀਆਂ, ਨਾਟਕ, ਕਵੀ ਦਰਬਾਰ, ਰੂਬਰੂ ਤੇ ਪੁਸਤਕ ਮੇਲਾ ਲਗਾਇਆ ਜਾਵੇਗਾ। ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ ਵਿਖੇ ਇਸ ਸਮਾਗਮ ਦਾ ਉਦਘਾਟਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਕਰਨਗੇ। ਸਮਾਗਮ ਦੇ ਪਹਿਲੇ ਦਿਨ ਬਾਅਦ ਦੁਪਹਿਰ ਬ੍ਰਿਜਿੰਦਰਾ ਕਾਲਜ ਵਿਖੇ ਉੱਘੇ ਰੰਗਕਰਮੀ ਤੇ ਫਿਲਮ ਅਦਾਕਾਰ ਪ੍ਰਿੰਸ ਕੰਵਲਜੀਤ ਸਿੰਘ ਨਾਲ ਕੁਮਾਰ ਜਗਦੇਵ ਸੰਵਾਦ ਰਚਾਉਣਗੇ।

------------------------------------------------

ਬਾਸਮਤੀ ਚੌਲਾਂ ਦੀ ਬਰਾਮਦ ਨੂੰ ਉਤਸ਼ਾਹਿਤ ਕਰਨ ਲਈ ਕੇਂਦਰ ਸਰਕਾਰ ਨੇ ਨਿਰਯਾਤ 'ਤੇ ਘੱਟੋ-ਘੱਟ ਕੀਮਤ ਨੂੰ ਪੂਰੀ ਤਰ੍ਹਾਂ ਹਟਾਉਣ ਦਾ ਫੈਸਲਾ ਕੀਤਾ ਏ। ਇਹ ਕਦਮ ਮੌਜੂਦਾ ਵਪਾਰਕ ਚਿੰਤਾਵਾਂ ਅਤੇ ਚੌਲਾਂ ਦੀ ਲੋੜੀਂਦੀ ਘਰੇਲੂ ਉਪਲਬਧਤਾ ਦਾ ਮੁਲਾਂਕਣ ਕਰਨ ਤੋਂ ਬਾਅਦ ਚੁੱਕਿਆ ਗਿਆ ਏ। ਚੌਲਾਂ ਦੀਆਂ ਵਧਦੀਆਂ ਕੀਮਤਾਂ ਅਤੇ ਘਰੇਲੂ ਬਾਜ਼ਾਰਾਂ ਵਿੱਚ ਮੌਜੂਦਾ ਸਪਲਾਈ ਦੀ ਸਥਿਤੀ ਦੇ ਮੱਦੇਨਜ਼ਰ, ਅਗਸਤ 2023 ਵਿੱਚ ਇੱਕ ਅਸਥਾਈ ਉਪਾਅ ਵਜੋਂ ਘੱਟੋ ਘੱਟ ਬਾਰਾਂ ਸੌ ਡਾਲਰ ਪ੍ਰਤੀ ਮੀਟ੍ਰਿਕ ਟਨ ਦੀ ਕੀਮਤ ਤੈਅ ਕੀਤੀ ਗਈ ਸੀ। ਬਾਅਦ ਵਿੱਚ ਅਕਤੂਬਰ 2023 ਵਿੱਚ, ਘੱਟੋ-ਘੱਟ ਕੀਮਤ ਨੌ ਸੌ ਪੰਜਾਹ ਡਾਲਰ ਪ੍ਰਤੀ ਮੀਟ੍ਰਿਕ ਟਨ ਤੱਕ ਵਧਾ ਦਿੱਤੀ ਗਈ।

------------------------------------------------

ਪਠਾਨਕੋਟ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਦੀ ਪ੍ਰਧਾਨਗੀ ਹੇਠ ਅਦਾਲਤੀ ਕੰਪਲੈਕਸ ਮਲਿਕਪੁਰ ਵਿਖੇ ਨੈਸ਼ਨਲ ਲੋਕ ਅਦਾਲਤ

ਲਗਾਈ ਗਈ। ਇਸ ਲੋਕ ਅਦਾਲਤ ਵਿੱਚ ਪਰਿਵਾਰਕ ਝਗੜਿਆਂ ਸਮੇਤ 5 ਹਜ਼ਾਰ ਤੋਂ ਵੱਧ ਕੇਸਾਂ ਦੀ ਸੁਣਵਾਈ ਕੀਤੀ ਗਈ। ਇਸ ਦੌਰਾਨ ਦੋਵਾਂ ਨੇ ਆਪਸੀ ਸਹਿਮਤੀ ਨਾਲ ਫੈਸਲਾ ਲਿਆ। ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਅਤੇ ਸੀ.ਜੇ.ਐਮ ਰੁਪਿੰਦਰ ਸਿੰਘ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਵਿੱਚ ਵਿਆਹੁਤਾ ਝਗੜੇ, ਬੈਂਕ ਰਿਕਵਰੀ ਕੇਸ, ਐਕਸੀਡੈਂਟ ਮੁਆਵਜ਼ਾ ਅਤੇ ਛੋਟੇ ਅਪਰਾਧਿਕ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 5 ਹਜ਼ਾਰ ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 90 ਫੀਸਦੀ ਕੇਸਾਂ ਦੀ ਸੁਣਵਾਈ ਹੋਈ। ਆਪਸੀ ਸਹਿਮਤੀ ਨਾਲ ਫੈਸਲਾ ਕੀਤਾ ਗਿਆ ਸੀ। ਓਧਰ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀਆਂ ਅਦਾਲਤਾਂ ਅਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ 'ਚ ਵੀ ਕੌਮੀ ਲੋਕ ਅਦਾਲਤ ਲਗਾਈ ਗਈ। ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ-ਕਮ- ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਰੁਣ ਗੁਪਤਾ ਨੇ ਦੱਸਿਆ ਕਿ ਲੋਕ ਅਦਾਲਤ 'ਚ 7 ਹਜਾਰ ਦੇ ਕਰੀਬ ਕੇਸ ਰਾਜ਼ੀਨਾਮੇਯੋਗ ਸਮਝੋਤੇ ਲਈ ਵਿਚਾਰੇ ਗਏ ਨੇ। ਇਸ ਲੋਕ

ਅਦਾਲਤ 'ਚ ਵਿਆਹ ਸਬੰਧੀ, ਟ੍ਰੈਫਿਕ ਚਲਾਨ ਅਤੇ ਹੋਰ ਕੇਸਾਂ ਦੀ ਸੁਣਵਾਈ ਕੀਤੀ ਗਈ।

-------------------------------------------------------

ਇਸੇ ਤਰ੍ਹਾਂ ਫਤਹਿਗੜ੍ਹ ਸਾਹਿਬ ਵਿਖੇ ਵਿਖੇ ਨੈਸ਼ਨਲ ਲੋਕ ਅਦਾਲਤ ਦੇ 11 ਬੈਂਚਾਂ ਵੱਲੋਂ 7 ਹਜਾਰ 113 ਤੋਂ ਵੱਧ ਕੇਸਾਂ ਦੀ ਸੁਣਵਾਈ ਹੋਈ, ਜਿਨ੍ਹਾਂ ਵਿੱਚੋਂ  6 ਹਜਾਰ 689 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਅਤੇ ਵਿੱਤੀ ਮਾਮਲਿਆਂ ਦੇ ਕੇਸਾਂ ਵਿੱਚ 23 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਅਵਾਰਡ ਪਾਸ ਕੀਤੇ ਗਏ। ਇਸ ਮੌਕੇ 4 ਵਿਵਾਹਿਤ ਜੋੜਿਆ ਨੂੰ ਆਪਸੀ ਸਮਝੌਤੇ ਨਾਲ ਦੁਬਾਰਾ ਇਕੱਠੇ ਕੀਤਾ ਗਿਆ। ਉਧਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਸ਼ੈਸ਼ਨ ਡਵੀਜਨ ਵਿਖੇ ਲਗਾਈ ਲੋਕ ਅਦਾਲਤ ਵਿਚ ਜਮੀਨੀ ਮਾਮਲੇ , ਵਾਟਰ ਸਪਲਾਈ ਸੀਵਰੇਜ,ਮੋਟਰ ਦੁਰਘਟਨਾ, ਪਰਿਵਾਰਕ ਝਗੜੇ, ਟਰੈਫਿਕ ਚਲਾਨ, ਬਿਜਲੀ ਚੋਰੀ ਦੇ ਕੇਸਾਂ ਦੀ ਸੁਣਵਾਈ ਕੀਤੀ ਗਈ। ਇਸ ਲੋਕ ਅਦਾਲਤ ਵਿਚ 27 ਹਜਾਰ 215 ਕੇਸ ਰੱਖੇ ਗਏ, ਜਿਨ੍ਹਾਂ ਵਿਚੋਂ ਕੁੱਲ 26 ਹਜਾਰ 998 ਕੇਸਾਂ ਦਾ ਨਿਪਟਾਰਾ ਕੀਤਾ ਗਿਆ।

---------------------------------------------

ਮੁਹਾਲੀ ਨਗਰ ਨਿਗਮ ਅਧੀਨ ਆਉਂਦੇ ਪਬਲਿਕ ਪਖਾਨਿਆਂ ਤੇ ਕੰਮ ਕਰਦੇ ਸਫਾਈ ਸੇਵਕਾਂ ਵੱਲੋਂ ਬੀਤੇ ਦਿਨੀਂ ਮੁਜ਼ਾਹਰਾ ਕਰਦੇ ਹੋਏ ਲਾਏ ਗਏ ਦੋਸ਼ਾਂ ਦਾ ਮੋਹਾਲੀ ਨਗਰ ਨਿਗਮ ਦੇ ਅਧਿਕਾਰੀਆਂ ਨੇ ਸਖ਼ਤ ਸ਼ਬਦਾਂ ਚ ਖੰਡਨ ਕੀਤਾ ਏ। ਨਗਰ ਨਿਗਮ ਦੀ ਕਮਿਸ਼ਨਰ ਨਵਜੋਤ ਕੌਰ ਅਨੁਸਾਰ ਨਿਗਮ ਵੱਲੋਂ ਸ਼ਹਿਰ ਵਿੱਚ ਪੈਂਦੇ ਪਬਲਿਕ ਟਾਇਲਟਸ ਦੀ “ਓਪਰੇਸ਼ਨ ਅਤੇ ਮੇਂਟੀਨੈਂਸ” ਦਾ ਕੰਮ ਅਪ੍ਰੈਲ, 2024 ਤੋਂ ਸੁਲਭ ਇੰਟਰਨੈਸ਼ਲ (ਐਨ.ਜੀ.ਓ) ਨੂੰ ਦਿੱਤਾ ਹੋਇਆ ਏ। ਸੁਲਭ ਇੰਟਰਨੈਸ਼ਨਲ ਵੱਲੋਂ ਦਿੱਤੀ ਗਈ ਪ੍ਰਪੋਜ਼ਲ ਅਨੁਸਾਰ ਉਨ੍ਹਾਂ ਵੱਲੋਂ ਇਹ ਕੰਮ ਪ੍ਰਤੀ ਟਾਇਲਟ ‘ਤੇ ਦੋ ਵਲੰਟੀਅਰਜ਼ ਤੋਂ ਕਰਵਾਇਆ ਜਾ ਰਿਹਾ ਏ। ਕੰਪਨੀ ਵੱਲੋਂ ਕੀਤੀ ਗਈ ਰਿਪੋਰਟ ਅਨੁਸਾਰ ਟਾਇਲਟਸ ‘ਤੇ ਜੋ ਵਲੰਟੀਅਰ ਕੰਮ ਕਰ ਰਹੇ ਹਨ, ਉਨ੍ਹਾਂ ਵਿੱਚੋਂ ਸਾਰਿਆਂ ਨੂੰ ਬਣਦਾ ਮਾਣ-ਭੱਤਾ ਦਿੱਤਾ ਜਾ ਚੁੱਕਾ ਏ। ਇਸ ਤੋਂ ਇਲਾਵਾ ਜੋ ਦੁਬਾਰਾ ਕੰਮ ‘ਤੇ ਰੱਖਣ ਲਈ ਰਿਸ਼ਵਤ ਮੰਗਣ ਦੇ  ਕਥਿਤ ਦੋਸ਼ ਲਗਾਏ ਹਨ, ਉਸ ਸਬੰਧੀ ਦੱਸਿਆ ਜਾਂਦਾ ਹੈ ਕਿ ਸੁਲਭ ਇੰਟਰਨੈਸ਼ਲ (ਐਨ.ਜੀ.ਓ) ਵੱਲੋਂ ਆਪਣੇ ਪੱਧਰ ‘ਤੇ

ਟਾਇਲਟਸ ‘ਤੇ ਵਲੰਟੀਅਰ ਕੰਮ ਲਈ ਰੱਖੇ ਜਾਂਦੇ ਹਨ, ਇਸ ਨਾਲ ਨਗਰ ਨਿਗਮ ਦਾ ਕੋਈ ਵੀ ਸਬੰਧ ਨਹੀਂ ਏ। ਇਸ ਲਈ ਉਨ੍ਹਾਂ ਨੂੰ ਬਿਨ੍ਹਾਂ ਕਿਸੇ ਨੋਟਿਸ ਦੇ ਨੌਕਰੀ ਤੋਂ ਫਾਰਗ ਕਰਨ ਅਤੇ ਪਿਛਲੇ ਪੰਜ ਮਹੀਨਿਆਂ ਦੀ ਤਨਖਾਹ ਨਾ ਦੇਣ ਅਤੇ ਦੁਬਾਰਾ ਕੰਮ ‘ਤੇ ਰੱਖਣ ਲਈ ਰਿਸ਼ਵਤ ਮੰਗਣ ਦੇ ਲਗਾਏ ਦੋਸ਼ਾਂ ਚ ਕੋਈ ਸਚਾਈ ਨਹੀਂ।

---------------------------------------------------------

ਫਰੀਦਕੋਟ ਦੇ ਸਰਕਲ ਜੈਤੋ ਦੇ ਪਿੰਡ ਰਾਮੇਆਣਾ ਵਿਖੇ ਸੀ.ਆਰ.ਐਮ ਸਕੀਮ ਤਹਿਤ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਬਲਾਕ ਖੇਤੀ ਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕੇ ਇੱਕ ਏਕੜ ਖੇਤ ਵਿਚੋਂ ਲਗਪਗ 25-30 ਕੁਇੰਟਲ ਪਰਾਲੀ ਬਣਦੀ ਏ। 10 ਕੁਇੰਟਲ ਪਰਾਲੀ ਸਾੜਨ ਨਾਲ 400 ਕਿਲੋ ਗ੍ਰਾਮ ਜੈਵਿਕ ਕਾਰਬਨ 25 ਕਿਲੋ ਪੋਟਾਸ਼ਿਮ 1.2 ਗੰਧਕ ਦਾ ਨੁਕਸਾਨ ਹੋ ਜਾਂਦਾ ਏ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਰਹਿੰਦ ਖੂਹੰਦ ਨੂੰ ਖੇਤਾਂ ਵਿਚ ਹੀ ਵਾਹੁਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਬਿਲਕੁਲ ਵੀ ਅੱਗ ਨਹੀਂ ਲਗਾਉਣੀ ਚਾਹੀਦੀ। ਕਿਉਂਕਿ

ਇਸ ਨਾਲ ਵਾਤਾਵਰਨ ਦੂਸ਼ਿਤ ਹੁੰਦਾ ਏ ਅਤੇ ਨਾਲ ਹੀ ਜੀਵ ਜੰਤੂ ਵੀ ਮਰਦੇ ਹਨ ਅਤੇ ਜਾਨੀ ਨੁਕਸਾਨ ਵੀ ਹੁੰਦੇ ਨੇ।

-------------------------------------------------------------

ਕੋਟਕਪੂਰਾ ਕਿਸਾਨ ਭਲਾਈ ਵਿਭਾਗ ਨੇ ਆਤਮਾ ਤਹਿਤ ਪੀ.ਏ.ਯੂ ਲੁਧਿਆਣਾ ਵਿਖੇ ਲੱਗ ਰਹੇ ਕਿਸਾਨ ਮੇਲੇ ਦੌਰਾਨ ਕੋਟਕਪੂਰਾ ਦਫਤਰ ਤੋ ਪੀ.ਏ.ਯੂ ਮੇਲੇ ਤੇ ਬੱਸ ਭੇਜੀ, ਜਿਸ ਵਿੱਚ 65 ਕਿਸਾਨਾਂ ਨੂੰ ਮੇਲੇ ਤੇ ਲਿਜਾਇਆ ਗਿਆ। ਕਿਸਾਨਾਂ ਨੇ ਮੇਲੇ ਵਿੱਚ ਪਰਾਲੀ ਪ੍ਰਬੰਧਨ ਸਬੰਧੀ ਵੱਖ-ਵੱਖ ਪ੍ਰਕਾਰ ਦੀ ਮਸੀਨਰੀ ਬਾਰੇ ਜਾਣਕਾਰੀ ਹਾਸਲ ਕਰਨ ਲਈ ਮਸ਼ੀਨਰੀ ਦੀ ਹਰੇਕ ਸਟਾਲ ਤੋ ਜਾਣਕਾਰੀ ਪ੍ਰਾਪਤ ਕੀਤੀ ਕਿ ਕਿਸ ਮਸ਼ੀਨਰੀ ਨਾਲ ਤੇ ਕਿਸ ਵਿਧੀ ਨਾਲ ਝੋਨੇ ਦੀ ਪਰਾਲੀ ਨੂੰ ਸੋਖਿਆ ਹੀ ਬਿਨਾਂ ਅੱਗ ਲਗਾਏ ਅਗਲੀ ਫਸਲ ਦੀ ਬਿਜਾਈ ਕੀਤੀ ਜਾ ਸਕੇ ਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋ ਬਚਾਇਆ ਜਾ ਸਕੇ। ਇਸ ਤੋ ਬਾਅਦ ਕਿਸਾਨਾਂ ਨੂੰ ਪੀ.ਏ.ਯੂ ਵੱਲੋ ਲਗਾਏ ਝੋਨੇ ਦੇ ਵੱਖ ਵੱਖ ਪ੍ਰਕਾਰ ਦੇ ਟਰੈਲਾਂ ਦੇ ਡੈਮੋ ਵੀ ਦਿਖਾਏ ਗਏ। ਮੇਲੇ ਦੀ ਇਸੇ ਲੜੀ ਤਹਿਤ ਕਿਸਾਨਾਂ ਨੂੰ ਪਸ਼ੂ ਮੇਲੇ ਵਿੱਚ ਵੀ ਲਿਜਾਇਆ ਗਿਆ। ਕਿਸਾਨਾਂ ਨੇ ਪੀ.ਏ.ਯੂ ਵੱਲੋ ਪ੍ਰਮਾਣਿਤ

ਵੱਖ ਵੱਖ ਪ੍ਰਕਾਰ ਦੇ ਫਸਲਾਂ ਦੇ ਬੀਜ , ਸ਼ਬਜੀਆਂ ਦੇ ਬੀਜ ਤੇ ਫਲਦਾਰ ਬੂਟੇ ਵੀ ਖਰੀਦੇ ।

---------------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**